13Page2.qxd 7/12/2025 10:49 PM Page 1

ਸਿਹਤ ਮੰਤਰੀ ਨੇ ਡਾਇਰੀਆ ਪ੍ਰਭਾਵਤ ਖੇਤਰ 'ਚ ਸਥਿਤੀ ਦਾ ਲਿਆ ਜਾਇਜ਼ਾ

ਕੈਬਨਿਟ ਮੰਤਰੀ ਨੇ ਅਲੀਪੁਰ ਅਰਾਈਆਂ 'ਚ ਮੌਕੇ ਉਤੇ ਕਰਵਾਇਆ ਕਲੋਰੀਨ ਟੈਸਟ

ਪਟਿਆਲਾ, 12 ਜੁਲਾਈ, (ਪਰਮਿੰਦਰ ਸਿੰਘ ਰਾਏਪੁਰ) : ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਅੱਜ ਸਵੇਰੇ ਉਲਟੀਆਂ ਤੇ ਦਸਤ ਰੋਗ ਨਾਲ ਪ੍ਰਭਾਵਤ ਰਹੇ ਅਲੀਪੁਰ ਅਰਾਈਆਂ ਦਾ ਦੌਰਾ ਕਰ ਕੇ ਸਥਿਤੀ ਦਾ ਜਾਇਜ਼ਾ ਲਿਆ। ਇਸ ਮੌਕੇ ਉਨ੍ਹਾਂ ਸਥਾਨਕ ਵਸਨੀਕਾਂ ਨੂੰ ਅਪੀਲ ਕੀਤੀ ਕਿ ਉਹ ਪੀਣ ਵਾਲੇ ਪਾਣੀ ਲਈ ਨਗਰ ਨਿਗਮ ਵਲੋਂ ਲਿਆਂਦੇ ਜਾ ਰਹੇ ਟੈਂਕਰਾਂ ਦੇ ਪਾਣੀ ਦੀ ਹੀ ਵਰਤੋਂ ਕਰਨ। ਇਸ ਮੌਕੇ ਉਨ੍ਹਾਂ ਦੇ ਨਾਲ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਤੇ ਨਗਰ ਨਿਗਮ ਕਮਿਸ਼ਨਰ ਪਰਮਵੀਰ ਸਿੰਘ ਵੀ ਮੌਜੂਦ ਸਨ। ਡਾ. ਬਲਬੀਰ ਸਿੰਘ ਨੇ ਕਿਹਾ ਕਿ ਪਿਛਲੇ ਕੁਝ ਦਿਨਾਂ ਦੌਰਾਨ ਉਲਟੀਆਂ ਤੇ ਦਸਤ ਰੋਗ ਦੇ ਸਾਹਮਣੇ ਆਏ ਮਾਮਲੇ ਹਲਕੇ ਲੱਛਣਾਂ ਵਾਲੇ ਸਨ ਤੇ ਉਨ੍ਹਾਂ ਨੂੰ ਹਸਪਤਾਲ ਦਾਖ਼ਲ ਕਰਨ ਦੀ ਵੀ ਲੋੜ ਨਹੀਂ ਸੀ ਪਰ ਸਿਹਤ ਵਿਭਾਗ ਵਲੋਂ 24 ਘੰਟੇ ਇਨ੍ਹਾਂ 'ਤੇ ਨਿਗਰਾਨੀ ਰੱਖੀ ਜਾ ਰਹੀ ਹੈ। ਇਸ ਮੌਕੇ ਉਨ੍ਹਾਂ ਲੋਕਾਂ ਦੇ ਘਰਾਂ ਦੇ ਪਾਣੀ ਦਾ ਕਲੋਰੀਨ ਟੈਸਟ ਵੀ ਕਰਵਾਇਆ ਜੋ ਕਿ ਠੀਕ ਪਾਇਆ ਗਿਆ।

ਸਿਹਤ ਮੰਤਰੀ ਡਾ. ਬਲਬੀਰ ਸਿੰਘ ਡਾਇਰੀਆ ਪ੍ਰਭਾਵਤ ਖੇਤਰ ਦਾ ਜਾਇਜ਼ਾ ਲੈਂਦੇ ਹੋਏ।

ਸਿਹਤ ਮੰਤਰੀ ਨੇ ਸਥਾਨਕ ਵਾਸੀਆਂ ਨਾਲ ਗੱਲਬਾਤ ਕਰਦਿਆਂ ਦਸਿਆ ਕਿ ਨਗਰ ਨਿਗਮ ਵਲੋਂ ਇਥੇ ਪਾਣੀ ਸਪਲਾਈ ਕੀਤਾ ਜਾ ਰਿਹਾ ਹੈ ਜੋ ਕਿ ਪੀਣ ਲਈ ਪੂਰੀ ਤਰ੍ਹਾਂ ਸੁਰੱਖਿਅਤ ਹੈ, ਇਸ ਲਈ ਲੋਕ ਪੀਣ ਲਈ ਨਗਰ ਨਿਗਮ ਵਲੋਂ ਟੈਂਕਰ ਰਾਹੀਂ ਸਪਲਾਈ ਕੀਤੇ ਜਾਂਦੇ ਪਾਣੀ ਦੀ ਵਰਤੋਂ ਕਰਨ ਜਦਕਿ ਕਪੜੇ ਧੋਣ ਜਾ ਫੇਰ ਹੋਰ ਕੰਮਾਂ ਲਈ ਦੂਸਰੇ ਪਾਣੀ ਦੀ ਵਰਤੋਂ ਕੀਤੀ ਜਾ ਸਕਦੀ ਹੈ।

ਉਨ੍ਹਾਂ ਆਮ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਬਰਸਾਤਾਂ ਦੇ ਮੌਸਮ ਵਿੱਚ ਇਹਤਿਆਤ ਵਜੋਂ ਪੀਣ ਵਾਲੇ ਪਾਣੀ ਨੂੰ ਉਬਾਲ ਕੇ ਜਾ ਫੇਰ ਕਲੋਰੀਨ ਦੀਆਂ ਗੋਲੀਆਂ ਵਾਲਾ ਪਾਣੀ ਹੀ ਵਰਤਿਆ ਜਾਵੇ। ਉਨ੍ਹਾਂ ਦਸਿਆ ਕਿ ਪਟਿਆਲਾ ਜ਼ਿਲ੍ਹੇ ਦੇ ਪਿਛਲੇ ਸਾਲਾਂ ਦੌਰਾਨ ਹੌਟ ਸਪੌਟ ਰਹੇ ਸਾਰੇ ਖੇਤਰਾਂ ਦੇ ਪਾਣੀ ਦੇ ਨਮੂਨੇ ਲੈ ਕੇ ਟੈਸਟ ਕਰਵਾਏ ਜਾ ਰਹੇ ਹਨ ਤੇ ਪਾਣੀ ਵਿੱਚ ਕਲੋਰੀਨ ਵੀ ਪਾਈ ਜਾ ਰਹੀ ਹੈ। ਇਸ ਤੋਂ ਇਲਾਵਾ ਕੈਬਨਿਟ ਮੰਤਰੀ ਡਾ. ਬਲਬੀਰ ਸਿੰਘ ਨੇ ਅੱਜ ਪਿੰਡ ਦੌਲਤਪੁਰ ਅਤੇ ਫਲੌਲੀ ਦਾ ਦੌਰਾ ਕਰ ਕੇ ਵੱਡੀ ਨਦੀ 'ਤੇ ਚੱਲ ਰਹੇ ਕੰਮ ਦਾ ਜਾਇਜ਼ਾ ਲਿਆ। ਇਸ ਮੌਕੇ ਉਨ੍ਹਾਂ ਪੁਲ ਦੇ ਕੰਮ ਦਾ ਨਿਰੀਖਣ ਕਰਦਿਆਂ ਕਿਹਾ ਕਿ ਇਸ ਪੁਲ ਨੂੰ ਮੁਕੰਮਲ ਕਰਨ ਦਾ ਸਮਾਂ ਅਕਤੂਬਰ ਤਕ ਦਾ ਹੈ, ਇਸ ਲਈ ਮੰਡੀ ਬੋਰਡ ਇਹ ਯਕੀਨੀ ਬਣਾਏ ਕਿ ਇਹ ਅਪਣੇ ਨਿਰਧਾਰਤ ਸਮੇਂ ਵਿਚ ਮੁਕੰਮਲ ਕੀਤਾ ਜਾਵੇ।

ਨੌਜਵਾਨ ਵਲੋਂ ਭੁਲੇਖੇ ਨਾਲ ਸਰਹੱਦ ਪਾਰ ਕਰ ਕੇ ਪਾਕਿ 'ਚ ਦਾਖ਼ਲ ਹੋਣ ਦਾ ਮਾਮਲਾ

ਭਾਜਪਾ ਆਗੂ ਰਾਣਾ ਸੋਢੀ ਨੇ ਪੀੜਤ ਪ੍ਰਵਾਰ ਦੀ ਰਾਜਪਾਲ ਨਾਲ ਕਰਵਾਈ ਮੁਲਾਕਾਤ

ਭਾਜਪਾ ਆਗੂ ਰਾਣਾ ਸੋਢੀ ਦੀ ਅਗਵਾਈ ਵਿਚ ਅੰਮ੍ਰਿਤਪਾਲ ਸਿੰਘ ਦੇ ਪਿਤਾ ਜੁਗਰਾਜ ਸਿੰਘ ਤੇ ਹੋਰ ਰਾਜਪਾਲ ਗੁਲਾਬ ਚੰਦ ਕਟਾਰੀਆ ਨਾਲ ਮੁਲਾਕਾਤ ਕਰਦੇ ਹੋਏ।

ਫ਼ਿਰੋਜ਼ਪੁਰ, 12 ਜੁਲਾਈ (ਤਪਿੰਦਰ ਸਿੰਘ): ਬੀਤੇ ਦਿਨੀਂ ਨੌਜਵਾਨ ਅੰਮ੍ਰਿਤਪਾਲ ਸਿੰਘ ਜੋ ਕਿ ਖੇਤ ਗਿਆ ਸੀ ਤੇ ਭੁਲੇਖੇ ਨਾਲ ਪਾਕਿਸਤਾਨ ਦੀ ਸਰਹੱਦ ਪਾਰ ਕਰ ਗਿਆ, ਦਾ ਪ੍ਰਵਾਰ ਅੱਜ ਭਾਜਪਾ ਦੇ ਕੇਂਦਰੀ ਆਗੂ ਰਾਣਾ ਗੁਰਮੀਤ ਸਿੰਘ ਸੋਢੀ ਰਾਹੀਂ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੂੰ ਮਿਲਿਆ ਅਤੇ ਬੇਟੇ ਦੀ ਪਾਕਿਸਤਾਨ ਤੋਂ ਵਾਪਸੀ ਦੀ ਮੰਗ ਕੀਤੀ। ਅੰਮ੍ਰਿਤਪਾਲ ਸਿੰਘ ਦੇ ਪਿਤਾ ਜੁਗਰਾਜ ਸਿੰਘ ਨੇ ਕਿਹਾ ਕਿ ਉਨ੍ਹਾਂ ਦਾ ਪੁੱਤਰ ਅਜੇ ਤਕ ਵਾਪਸ ਨਹੀਂ ਆਇਆ। ਉਹ ਅਪਣੇ ਪੁੱਤਰ ਨੂੰ ਭਾਰਤ ਵਾਪਸ ਲਿਆਉਣ ਲਈ ਘਰ-ਘਰ ਜਾ ਕੇ ਦਸਤਕ ਦੇ ਰਹੇ ਹਨ। ਉਨ੍ਹਾਂ ਕਿਹਾ ਕਿ ਭਾਜਪਾ ਦੇ ਰਾਸ਼ਟਰੀ ਕਾਰਜਕਾਰਨੀ ਮੈਂਬਰ ਗੁਰਮੀਤ ਸਿੰਘ ਸੋਢੀ ਨੇ ਉਨ੍ਹਾਂ ਨੂੰ ਭਰੋਸਾ ਦਿਤਾ ਸੀ ਕਿ ਉਨ੍ਹਾਂ ਦੇ ਪੁੱਤਰ ਨੂੰ ਵਾਪਸ ਲਿਆਉਣ ਲਈ ਹਰ ਸੰਭਵ ਕੋਸ਼ਿਸ਼ ਕੀਤੀ ਜਾਵੇਗੀ। ਇਸ ਮੌਕੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਉਨ੍ਹਾਂ ਨੂੰ ਭਰੋਸਾ ਦਿਤਾ ਕਿ ਉਨ੍ਹਾਂ ਦੇ ਪੁੱਤਰ ਨੂੰ ਵਾਪਸ ਲਿਆਉਣ ਲਈ ਹਰ ਸੰਭਵ ਕੋਸ਼ਿਸ਼ ਕੀਤੀ ਜਾਵੇਗੀ ਅਤੇ ਮਾਮਲਾ ਕੇਂਦਰ ਸਰਕਾਰ ਸਾਹਮਣੇ ਉਠਾਇਆ ਜਾਵੇਗਾ। ਰਾਣਾ ਸੋਢੀ ਨੇ ਕਿਹਾ ਕਿ ਉਹ ਅੰਮ੍ਰਿਤਪਾਲ ਸਿੰਘ ਨੂੰ ਵਾਪਸ ਲਿਆਉਣ ਲਈ ਪੂਰੀ ਕੋਸ਼ਿਸ਼ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਰਾਜਪਾਲ ਤੋਂ ਇਲਾਵਾ ਪ੍ਰਵਾਰ ਦੀ ਅਪੀਲ ਕੇਂਦਰੀ ਮੰਤਰੀਆਂ ਸਾਹਮਣੇ ਵੀ ਉਠਾਈ ਗਈ ਹੈ। ਕੇਂਦਰ ਸਰਕਾਰ ਨੇ ਇਹ ਵੀ ਕਿਹਾ ਹੈ ਕਿ ਉਹ ਨੌਜਵਾਨਾਂ ਨੂੰ ਵਾਪਸ ਲਿਆਉਣ ਦੀ ਕੋਸ਼ਿਸ਼ ਕਰੇਗੀ। ਇਸ ਮੌਕੇ ਅਨੁਮੀਤ ਸਿੰਘ ਹੀਰਾ ਸੋਢੀ, ਸੁਰਜੀਤ ਸਿੰਘ ਬੁੱਟਰ, ਮਿੱਕੀ ਧਮੀਜਾ ਅਤੇ ਹੋਰ ਮੌਜੂਦ ਸਨ।

ਇਕ ਨਜ਼ਰ....

ਮਲੋਟ ਦੇ ਪਿੰਡ ਰਾਮਨਗਰ ਤੋਂ ਕੀਤੀ ਸਰਕਾਰੀ ਸਕੂਲਾਂ ਵਿਚ ਏ.ਸੀ. ਲਗਾਉਣ ਦੀ ਸ਼ੁਰੂਆਤ : ਡਾ. ਬਲਜੀਤ ਕੌਰ

ਪੰਨੀਵਾਲਾ ਫੱਤਾ, 12 ਜੁਲਾਈ (ਸਤਪਾਲ ਸਿੰਘ) : ਪੰਜਾਬ ਦੇ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਦੇ ਸੁਪਨੇ ਸਾਕਾਰ ਕਰਨ ਦੇ ਉਦੇਸ਼ ਨਾਲ ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਵਿਧਾਨ ਸਭਾ ਹਲਕਾ ਮਲੋਟ ਤੋਂ ਇਕ ਵਿਲੱਖਣ ਪਹਿਲਕਦਮੀ ਸ਼ੁਰੂ ਕੀਤੀ ਹੈ। ਇਸ ਨਿਵੇਕਲੀ ਪਹਿਲ ਤਹਿਤ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਮਲੋਟ ਹਲਕੇ ਦੇ ਪਿੰਡ ਰਾਮਨਗਰ ਦੇ ਸਰਕਾਰੀ ਪ੍ਰਾਇਮਰੀ ਅਤੇ ਮਿਡਲ ਸਕੂਲਾਂ 'ਚ ਏ.ਸੀ. ਲਗਵਾਉਣ ਲਈ ਵਿੱਢੀ ਮੁਹਿੰਮ ਦੀ ਸ਼ੁਰੂਆਤ ਕਰਵਾਈ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਮੰਤਰੀ ਡਾ. ਬਲਜੀਤ ਕੌਰ ਨੇ ਦਸਿਆ ਕਿ ਵਿਦਿਆਰਥੀਆਂ ਨੂੰ ਸਰਕਾਰੀ ਸਕੂਲਾਂ ਵਿਚ ਪੜ੍ਹਾਈ ਦੇ ਅਨੁਕੂਲ ਮਾਹੌਲ ਮੁਹਈਆ ਕਰਵਾਉਣ ਲਈ ਇਸ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ ਹੈ। ਅੱਜ ਤਕਰੀਬਨ ਢਾਈ ਲੱਖ ਰੁਪਏ ਦੀ ਲਾਗਤ ਨਾਲ ਪਿੰਡ ਰਾਮਨਗਰ ਦੇ ਸਰਕਾਰੀ ਸਕੂਲਾਂ ਵਿਚ ਛੇ ਏ.ਸੀ. ਅਤੇ ਦੋ 50-50 ਲੀਟਰ ਸਮਰੱਥਾ ਵਾਲੇ ਵਾਟਰ ਕੂਲਰ ਲਗਵਾਏ ਗਏ ਹਨ। ਇਸ ਦੇ ਨਾਲ ਹੀ ਡਾ. ਬਲਜੀਤ ਕੌਰ ਨੇ ਪਿੰਡ ਰਾਮਨਗਰ ਵਿਚ ਹੀ ਹੋਣ ਵਾਲੇ ਕਬੱਡੀ ਟੂਰਨਾਮੈਂਟ ਲਈ ਵਿੱਤੀ ਸਹਾਇਤਾ ਵਜੋਂ 8,100 ਰੁਪਏ ਦਾ ਚੈੱਕ ਵੀ ਦਿਤਾ। ਉਨ੍ਹਾਂ ਕਿਹਾ ਕਿ ਅੱਜ ਸ਼ੁਰੂ ਕੀਤੀ ਗਈ ਇਹ ਪਹਿਲਕਦਮੀ ਵਿਦਿਆਰਥੀਆਂ ਨੂੰ ਅਕਾਦਮਿਕ ਦੇ ਨਾਲ ਨਾਲ ਭਾਵਨਾਤਮਿਕ ਤੌਰ 'ਤੇ ਸਹਾਇਤਾ ਪ੍ਰਦਾਨ ਕਰਨ ਪ੍ਰਤੀ ਰਾਜ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ ਤਾਂ ਜੋ ਉਨ੍ਹਾਂ ਨੂੰ ਭਵਿੱਖੀ ਚੁਣੌਤੀਆਂ ਦਾ ਸਾਹਮਣਾ ਕਰਨ ਲਈ ਪੂਰੀ ਤਰ੍ਹਾਂ ਤਿਆਰ ਕੀਤਾ ਜਾ ਸਕੇ। ਇਸ ਮੌਕੇ ਨਿਜੀ ਸਕੱਤਰ ਅਰਸ਼ਦੀਪ ਸਿੰਘ ਸਿੱਧੂ ਤੇ ਸ਼ਿੰਦਰਪਾਲ ਸਿੰਘ, ਸਾਬਕਾ ਸਰਪੰਚ ਭੁਪਿੰਦਰ ਸਿੰਘ, ਸੰਦੀਪ ਕੌਰ ਸਰਪੰਚ, ਰਾਮ ਸਿੰਘ, ਸੰਦੀਪ ਸਿੰਘ, ਲਵਲੀ ਸੰਧੂ ਹੋਰ ਮੋਹਤਬਰ ਵੀ ਹਾਜ਼ਰ ਸਨ।

ਭ੍ਰਿਸ਼ਟਾਚਾਰ ਮਾਮਲੇ 'ਚ ਪੁਲਿਸ ਸਾਂਝ ਕੇਂਦਰ ਦੀ ਇੰਚਾਰਜ ਗ੍ਰਿਫ਼ਤਾਰ

ਗੁਰਦਾਸਪੁਰ, 12 ਜੁਲਾਈ (ਪੱਤਰ ਪ੍ਰੇਰਕ) : ਭ੍ਰਿਸ਼ਟਾਚਾਰ ਵਿਰੁਧ ਪੰਜਾਬ ਸਰਕਾਰ ਦੀ ਜ਼ੀਰੋ ਟੋਲਰੈਂਸ ਨੀਤੀ ਤਹਿਤ ਕਾਰਵਾਈ ਲਗਾਤਾਰ ਜਾਰੀ ਹੈ। ਇਸੇ ਮੁਹਿੰਮ ਤਹਿਤ ਗੁਰਦਾਸਪੁਰ ਦੇ ਪੁਲਿਸ ਸਾਂਝ ਕੇਂਦਰਾਂ ਦੀ ਇੰਚਾਰਜ ਇੰਸਪੈਕਟਰ ਇੰਦਰਬੀਰ ਕੌਰ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਉਸ ਵਿਰੁਧ ਭ੍ਰਿਸ਼ਟਾਚਾਰ ਦੇ ਦੋਸ਼ ਲੱਗਣ ਮਗਰੋਂ ਇਹ ਕਾਰਵਾਈ ਕੀਤੀ ਗਈ ਹੈ। ਇੰਸਪੈਕਟਰ ਇੰਦਰਬੀਰ ਕੌਰ ਦੇ ਅਧੀਨ ਗੁਰਦਾਸਪੁਰ ਦੇ 13 ਪੁਲਿਸ ਸਾਂਝ ਕੇਂਦਰ ਸਨ। ਸਾਂਝ ਕੇਂਦਰਾਂ ਦੇ ਕਰਮਚਾਰੀਆਂ ਵਲੋਂ ਇੰਦਰਬੀਰ ਕੌਰ ਉਤੇ ਉਨ੍ਹਾਂ ਤੋਂ ਪੈਸੇ ਲੈਣ ਦੇ ਦੋਸ਼ ਲਗਾਏ ਗਏ ਸਨ। ਇਸ ਮਗਰੋਂ ਪੁਲਿਸ ਵਲੋਂ ਇੰਦਰਬੀਰ ਕੌਰ ਵਿਰੁਧ ਸਖ਼ਤ ਕਾਰਵਾਈ ਕਰਦਿਆਂ ਭ੍ਰਿਸ਼ਟਾਚਾਰ ਦਾ ਮਾਮਲਾ ਦਰਜ ਕਰ ਕੇ ਉਸ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ।

ਸਿੱਧੂ ਮੂਸੇਵਾਲਾ ਕਤਲਕਾਂਡ ਦਾ ਮੁਲਜ਼ਮ ਹੋਇਆ ਫ਼ਰਾਰ

ਮਾਨਸਾ, 12 ਜੁਲਾਈ (ਸਿੱਧੂ): ਸਿੱਧੂ ਮੂਸੇਵਾਲਾ ਕਤਲ ਕੇਸ ਵਿਚ ਹਥਿਆਰ ਸਪਲਾਈਲਰ ਸ਼ਹਿਬਾਜ਼ ਅੰਸਾਰੀ ਅੰਤਰਮ ਜ਼ਮਾਨਤ ਤੋਂ ਬਾਅਦ ਫ਼ਰਾਰ ਹੋ ਗਿਆ ਹੈ। ਅੰਸਾਰੀ ਨੇ ਪਤਨੀ ਦੀ ਸਰਜਰੀ ਦੇ ਬਹਾਨੇ ਦਿੱਲੀ ਦੀ ਪਟਿਆਲਾ ਹਾਊਸ ਕੋਰਟ ਤੋਂ ਅੰਤਰਮ ਜ਼ਮਾਨਤ ਲਈ ਸੀ, ਪਰ ਜ਼ਮਾਨਤ ਖ਼ਤਮ ਹੋਣ ਤੋਂ ਬਾਅਦ ਅੰਸਾਰੀ ਤੈਅ ਸਮੇਂ ਉਤੇ ਵਾਪਸ ਨਹੀਂ ਆਇਆ। ਜਾਣਕਾਰੀ ਮਿਲੀ ਹੈ ਕਿ ਹੁਣ ਉਸ ਦਾ ਮੋਬਾਈਲ ਬੰਦ ਆ ਰਿਹਾ ਹੈ ਅਤੇ ਪਤਨੀ ਵੀ ਲਾਪਤਾ ਹੈ। ਉਸ 'ਤੇ ਮਈ 2022 ਵਿਚ ਮੂਸੇਵਾਲਾ ਦੇ ਕਤਲ ਲਈ ਗੈਂਗਸਟਰ ਲਾਰੈਂਸ ਬਿਸ਼ਨੋਈ ਨੂੰ ਹਥਿਆਰ ਮੁਹਈਆ ਕਰਵਾਉਣ ਦਾ ਦੋਸ਼ ਹੈ। ਦਸਣਯੋਗ ਹੈ ਕਿ ਫ਼ਰਵਰੀ 2023 ਵਿਚ ਅਦਾਲਤ ਨੇ ਉਸ ਨੂੰ ਪਤਨੀ ਦੀ ਗਰਭ ਅਵਸਥਾ ਦਾ ਹਵਾਲਾ ਦਿੰਦੇ ਹੋਏ 5 ਦਿਨਾਂ ਦੀ ਅੰਤਰਮ ਜ਼ਮਾਨਤ ਦੇ ਦਿਤੀ ਸੀ ਪਰ ਉਸ ਨੇ ਸ਼ਰਤਾਂ ਦੀ ਉਲੰਘਣਾ ਕੀਤੀ ਅਤੇ ਅਦਾਲਤ ਵਿਚ ਪੇਸ਼ ਨਹੀਂ ਹੋਇਆ।

ਸੈਰ ਕਰਨ ਗਏ ਵਿਅਕਤੀ ਦਾ ਕਤਲ

ਲੁਧਿਆਣਾ, 12 ਜੁਲਾਈ (ਆਰ.ਪੀ ਸਿੰਘ) : ਥਾਣਾ ਮੋਹਰਬਾਨ ਦੇ ਅਧੀਨ ਆਉਂਦੇ ਰਾਹੋਂ ਰੋਡ ਦੇ ਗੁੱਜਰ ਭਵਨ ਦੇ ਰਹਿਣ ਵਾਲੇ ਇਕ ਵਿਅਕਤੀ ਦਾ ਰੰਜਿਸ਼ ਕਾਰਨ ਚਾਕੂ ਮਾਰ ਕੇ ਕਤਲ ਕਰ ਦਿੱਤਾ ਗਿਆ। ਥਾਣਾ ਮੋਹਰਬਾਨ ਦੇ ਮੁਖੀ ਇੰਸ. ਪਰਮਦੀਪ ਸਿੰਘ ਨੇ ਦੱਸਿਆ ਕਿ ਬੀਤੀ ਰਾਤ ਪੁਲਸ ਨੂੰ ਸੂਚਨਾ ਮਿਲੀ ਕਿ ਗੁੱਜਰ ਭਵਨ ਦੇ ਰਹਿਣ ਵਾਲੇ ਤਿਲਕ ਰਾਜ ਦਾ ਕਿਸੇ ਅਣਪਛਾਤੇ ਵਿਅਕਤੀਆਂ ਵੱਲੋਂ ਚਾਕੂ ਮਾਰ ਕੇ ਕਤਲ ਕਰ ਦਿਤਾ। ਥਾਣਾ ਮੁਖੀ ਨੇ ਦੱਸਿਆ ਕਿ ਮ੍ਰਿਤਕ ਤਿਲਕ ਰਾਜ ਪਿਛਲੇ ਕਰੀਬ 6 ਮਹੀਨਿਆਂ ਤੋਂ ਗੁੱਜਰ ਭਵਨ 'ਚ ਕਿਰਾਏ ਦਾ ਮਕਾਨ ਲੈ ਕੇ ਆਪਣੀ ਪਤਨੀ ਅਤੇ 3 ਲੜਕਿਆਂ ਨਾਲ ਰਹਿੰਦਾ ਸੀ। ਉਨ੍ਹਾਂ ਦੱਸਿਆ ਕਿ ਬੀਤੀ ਰਾਤ ਕਰੀਬ 9 ਵਜੇ ਤਿਲਕ ਰਾਜ ਆਪਣੇ ਘਰ ਦੇ ਬਾਹਰ ਮੁਹੱਲੇ 'ਚ ਸੈਰ ਕਰ ਰਿਹਾ ਸੀ। ਇਸੇ ਦੌਰਾਨ ਉਥੇ ਐਕਟਿਵਾ ਸਵਾਰ 2 ਵਿਅਕਤੀ ਆਏ, ਜਿਨ੍ਹਾਂ ਨੇ ਆਉਂਦੇ ਹੀ ਤਿਲਕ ਰਾਜ ਦੇ ਚਾਕੂ ਮਾਰ ਕੇ ਉੱਥੋਂ ਫਰਾਰ ਹੋ ਗਏ।

ਪੰਜਾਬ ਦੇ ਭਲੇ ਲਈ ਸਰਕਾਰ ਨੂੰ ਹਰ ਸੰਭਵ ਸਹਾਇਤਾ ਦੇਵੇਗੀ ਕਾਂਗਰਸ : ਰਾਣਾ ਗੁਰਜੀਤ ਸਿੰਘ

ਚੰਡੀਗੜ੍ਹ, 12 ਜੁਲਾਈ (ਸੁਰਜੀਤ ਸਿੰਘ ਸੱਤੀ): ਕਪੂਰਥਲਾ ਤੋਂ ਵਿਧਾਇਕ ਰਾਣਾ ਗੁਰਜੀਤ ਸਿੰਘ ਨੇ ਪੰਜਾਬ ਦੀ ਬਿਹਤਰੀ ਲਈ ਜਿਸ ਕਾਂਗਰਸ ਪਾਰਟੀ ਤੋਂ ਉਹ ਆਉਂਦੇ ਹਨ, ਉਸ ਵਲੋਂ ਸਰਕਾਰ ਨੂੰ ਹਰ ਸੰਭਵ ਸਹਾਇਤਾ ਦੀ ਪੇਸ਼ਕਸ਼ ਕੀਤੀ।

ਬੀਤੇ ਦਿਨੀਂ ਵਿਧਾਨ ਸਭਾ ਵਿਚ ਰਾਜ ਵਿਚ ਡੈਮਾਂ ਅਤੇ ਹੋਰ ਅਜਿਹੇ ਪ੍ਰੋਜੈਕਟਾਂ ਦੀ ਸੁਰੱਖਿਆ ਲਈ ਕੇਂਦਰੀ ਉਦਯੋਗਿਕ ਸੁਰੱਖਿਆ ਬਲ ਦੀ ਤਾਇਨਾਤੀ ਨੂੰ ਰੱਦ ਕਰਨ ਵਾਲੇ ਮਤੇ 'ਤੇ ਚਰਚਾ ਵਿਚ ਹਿੱਸਾ ਲੈਂਦੇ ਹੋਏ, ਰਾਣਾ ਗੁਰਜੀਤ ਸਿੰਘ ਨੇ ਕਿਹਾ ਕਿ ਉਹ ਅਪਣੀ ਅਤੇ ਅਪਣੀ ਪਾਰਟੀ ਵਲੋਂ ਇਸ ਮਤੇ ਨੂੰ ਪੂਰਾ ਸਮਰਥਨ ਦਿੰਦੇ ਹਨ। ਪੁਰਾਣੇ ਮੁੱਦਿਆਂ 'ਤੇ ਚਰਚਾ ਕਰਨ ਦਾ ਮਤਲਬ ਹੈ ਕਾਰਵਾਈ ਨਹੀਂ ਸਗੋਂ ਪੋਸਟ ਮਾਰਟਮ ਕਰਨਾ ਅਤੇ ਇਹ ਰਵਈਆ ਕਿਸੇ ਦੀ ਮਦਦ ਨਹੀਂ ਕਰੇਗਾ। ਰਾਣਾ ਗੁਰਜੀਤ ਸਿੰਘ ਨੇ ਕਿਹਾ ਕਿ ਮੌਜੂਦਾ ਦ੍ਰਿਸ਼ 'ਤੇ ਇਕ ਰਚਨਾਤਮਕ ਚਰਚਾ ਹੋਣੀ ਚਾਹੀਦੀ ਹੈ ਅਤੇ ਪੁਰਾਣੇ ਮੁੱਦਿਆਂ 'ਤੇ ਚਰਚਾ ਨਹੀਂ ਕਰਨੀ ਚਾਹੀਦੀ ਜਿਨ੍ਹਾਂ ਦੀ ਹੁਣ ਕੋਈ ਪ੍ਰਸੰਗਕਤਾ ਨਹੀਂ ਹੈ। ਸਾਨੂੰ ਪਾਣੀ ਦੇ ਅਪਣੇ ਹੱਕ ਲਈ ਲੜਨਾ ਚਾਹੀਦਾ ਹੈ ਕਿਉਂਕਿ ਪਾਣੀ ਖੇਤੀਬਾੜੀ ਰਾਜ ਲਈ ਜੀਵਨ ਰੇਖਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਹਰ ਸੰਭਵ ਸਹਾਇਤਾ ਦੀ ਪੇਸ਼ਕਸ਼ ਕਰਦੇ ਹੋਏ, ਵਿਧਾਇਕ ਨੇ ਕਿਹਾ ਕਿ ਕਾਂਗਰਸ ਪਾਰਟੀ ਸੂਬੇ ਦੇ ਹੱਕਾਂ ਦੀ ਲੜਾਈ ਵਿਚ ਸਰਕਾਰ ਦੇ ਨਾਲ ਖੜੀ ਰਹੇਗੀ। ਉਨ੍ਹਾਂ ਮੰਗ ਕੀਤੀ ਕਿ ਪਾਕਿਸਤਾਨ ਨਾਲ ਸਰਹੱਦ ਸਾਂਝੀ ਕਰਨ ਵਾਲੇ ਪੰਜ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ- ਜੰਮੂ ਅਤੇ ਕਸ਼ਮੀਰ, ਪੰਜਾਬ, ਰਾਜਸਥਾਨ ਅਤੇ ਗੁਜਰਾਤ ਨੂੰ ਵਿਸ਼ੇਸ਼ ਦਰਜਾ ਦਿਤਾ ਜਾਵੇ ਅਤੇ ਸਾਲਾਨਾ ਬਜਟ ਵੰਡ ਵਿਚ ਇਕ ਵਿਸ਼ੇਸ਼ ਅਲਾਟਮੈਂਟ ਕੀਤੀ ਜਾਵੇ। ਇਕੱਲੇ ਪੰਜਾਬ ਦੀ ਪਾਕਿਸਤਾਨ ਨਾਲ 543 ਕਿਲੋਮੀਟਰ ਦੀ ਸਰਹੱਦ ਸਾਂਝੀ ਹੈ। ਜੰਗਾਂ ਅਤੇ ਤਣਾਅ ਦੌਰਾਨ ਸਰਹੱਦੀ ਰਾਜਾਂ ਨੂੰ ਸੱਭ ਤੋਂ ਵੱਧ ਨੁਕਸਾਨ ਝੱਲਣਾ ਪਿਆ।

ਸੜਕ ਹਾਦਸੇ ਵਿਚ ਦੋ ਨੌਜਵਾਨਾਂ ਦੀ ਮੌਤ

ਅਜਨਾਲਾ, 12 ਜੁਲਾਈ (ਗਿੱਲ) : ਸਰਹੱਦੀ ਤਹਿਸੀਲ ਅਜਨਾਲਾ ਤੋਂ ਥੋੜੀ ਦੂਰੀ 'ਤੇ ਸਥਿਤ ਕਸਬਾ ਭਿੰਡੀ ਸੈਦਾਂ ਨਜ਼ਦੀਕ ਬੀਤੀ ਰਾ